**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਕੁਮਾਰ, (ਮੋਬ: 9780674488)
ਮਕਾਨ ਨੰ:1869/92 ਕਿਲਾ ਮੁੱਹਲਾ,
ਦਰੇਸ਼ੀ ਰੋਡ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ, ਜੋਨ-ਏ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਕਮਿਸ਼ਨਰ, ਨਗਰ ਨਿਗਮ, ਜੋਨ-ਏ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 932/2019**

**ਹਾਜ਼ਰ:-**

1) ਸ਼੍ਰੀ ਸੁਰਿੰਦਰ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਵਿਪਲ ਮਲਹੋਤਰਾ, ਐਮ.ਓ.ਐਚ (97800-11515)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-08-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਨਗਰ ਨਿਗਮ, ਜੋਨ-ਏ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗਨਪਤੀ ਸਟੀਲ ਦੇ ਨਾਮ ਜ਼ੋ ਅਦਾਲਤ ਵੱਲੋਂ ਮਿਤੀ 23-08-2018 ਨੂੰ ਧਾਰਾ 323 ਤਹਿਤ ਸੰਮਨ ਜਾਰੀ ਹੋਏ ਸਨ, ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਵਿਪਲ ਮਲਹੋਤਰਾ, ਐਮ.ਓ.ਐਚ ਨੇ ਪੱਤਰ ਨੰ:183/ਐਮ.ਓ.ਐਚ/ਆਰ.ਟੀ.ਆਈ. ਮਿਤੀ 06-05-2019, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:378/ਐਮ.ਓ.ਐਚ/ਆਰ.ਟੀ.ਆਈ./ਡੀ, ਮਿਤੀ 26-11-2018, ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਕਿ ਸੂਚਨਾ ਮਿਲ ਗਈ ਹੈ ਪਰੰਤੂ ਸੂਚਨਾ ਲੇਟ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਪਰ ਅਪੀਲਕਰਤਾ ਨੂੰ ਸੂਚਨਾ ਲੇਟ ਮੁਹੱਈਆ ਕਰਨ ਕਾਰਨ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭਵਿੱਖ ਵਿੱਚ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਚਿਤਾਵਨੀ ਦਿੱਤੀ ਜਾਂਦੀ ਹੈ ਤਾਂ ਜੋ ਆਰ.ਟੀ.ਆਈ. ਐਕਟ ਨੂੰ ਸੁਹਿਰਦਤਾ ਨਾਲ ਲਾਗੂ ਕੀਤਾ ਜਾ ਸਕੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 08 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਿਲਬਾਗ ਚੰਦ, (ਮੋਬ; 9814414473)
(ਨਾਇਬ ਸੂਬੇਦਾਰ ਰਿਟਾਇਰਡ)
ਪੁੱਤਰ ਸ਼੍ਰੀ ਰਾਮਜੀ ਦਾਸ,
ਪਿੰਡ ਹਿਆਤਪੁਰ, ਡਾਕਖਾਨਾ ਹੰਬੋਵਾਲ,
ਤਹਿਸੀਲ ਸਮਰਾਲਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਿਗਰਾਨ ਇੰਜੀਨੀਅਰ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ (ਉਸਾਰੀ ਸਰਕਲ),
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 934/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜੀਤ ਸਿੰਘ, ਉਪ ਮੰਡਲ ਇੰਜੀਨੀਅਰ, ਉਪ ਮੰਡਲ, ਸਮਰਾਲਾ (97799-41741)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 01-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਨਿਗਰਾਨ ਇੰਜੀਨੀਅਰ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਕਰਨੈਲ ਸਿੰਘ ਵਿਰੁੱਧ ਦਿੱਤੀ ਗਈ ਦਰਖਾਸਤ, ਮਿਤੀ 09-10-2018 ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ)ਵੱਲੋਂ ਹਾਜ਼ਰ, ਸ਼੍ਰੀ ਬਲਜੀਤ ਸਿੰਘ, ਉਪ ਮੰਡਲ ਇੰਜੀਨੀਅਰ, ਉਪ ਮੰਡਲ, ਸਮਰਾਲਾ ਨੇ ਪੱਤਰ ਨੰ:51, ਮਿਤੀ 26-04-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:621, ਮਿਤੀ 18-01-2019 ਅਤੇ ਪੱਤਰ ਨੰ:676, ਮਿਤੀ 06-02-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ** 934/2019

ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 05-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 08 ਮਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵੀਰ ਸਿੰਘ ਸੈਣੀ, (ਮੋਬ 9988721479)
ਮਕਾਨ ਨੰ:349, ਗਲੀ ਨੰ: 3 ਦਸਮੇਸ਼ ਨਗਰ,
ਡਿਗਾਣਾ ਰੋਡ, ਹੁਸ਼ਿਆਰਪੁਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ (ਆਈ.ਟੀ.ਵਿੰਗ) ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:938 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਸ਼ਪਾਲ ਸਿੰਘ, ਸੀਨੀਅਰ ਸਹਾਇਕ (78883-37162)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 04-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ (ਆਈ.ਟੀ.ਵਿੰਗ) ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਪੱਤਰ ਨੰ:ਸਪੈਸਲ 2018, ਮਿਤੀ 04-09-2018 ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਦੀਆਂ ਟ੍ਰੇਡਾਂ ਵਿੱਚ ਤੈਨਾਤ ਇੰਸਟ੍ਰਕਸ਼ਨਲ ਸਟਾਫ ਅਤੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਸ਼ਡਿਊਲਕਾਸਟ ਵੈੱਲਫੇਅਰ ਅਤੇ ਕਰਾਫਟਸ ਮੈਨ ਟ੍ਰੇਨਿੰਗ ਸਕੀਮਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਰਸ਼ਪਾਲ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:ਆਈ.ਟੀ./ਰਾ.ਟੂ.ਇੰਨ. ਐਕਟ/2005/141/ਬਲਵੀਰ ਸਿੰਘ ਸੈਣੀ/826-827, ਮਿਤੀ 07-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 08 ਮਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ, (ਮੋਬ 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ, ਲੁਧਿਆਣਾ ਇੰਪਰੂਵਮੈਂਟ ਟੱਰਸਟ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 946/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਵੰਤ ਸਿੰਘ ਕਲਰਕ (98884-65864)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 12-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਲੁਧਿਆਣਾ ਇੰਪਰੂਵਮੈਂਟ ਟੱਰਸਟ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਾਡਲ ਟਾਊਨ ਐਕਸਟੈਨਸ਼ਨ ਪਾਰਟ-।।, ਲੁਧਿਆਣਾ ਇੰਪਰੂਵਮੈਂਟ ਟੱਰਸਟ ਸਕੀਮ ਵਿੱਚ ਬੁੱਕ ਕੀਤੇ ਗਏ 500 ਵਰਗ ਗਜ਼ ਦੇ ਪਲਾਟ #405-D ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 08-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਬਲਵੰਤ ਸਿੰਘ ਕਲਰਕ ਨੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ 946/2019**

ਕਿਹਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕੁੱਝ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਬਾਕੀ ਸੂਚਨਾ ਉਹ ਅੱਜ ਲੈ ਕੇ ਆਇਆ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 08 ਮਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਮਾਕਾਂਤ ਤ੍ਰਿਪਾਠੀ, (ਮੋਬ:9988295255)
ਮਕਾਨ ਨੰ:ਸੀ-323, ਕਿਲਾ ਰੋਡ,
ਪਿੰਡ ਤੇ ਡਾਕਖਾਨਾ ਨੰਗਲਭੂਰ,
ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਠਾਨਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:950/2019**

**ਹਾਜ਼ਰ:-**

1) ਸ਼੍ਰੀ ਉਮਾਕਾਂਤ ਤ੍ਰਿਪਾਠੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲ ਸਿੰਘ, ਏ.ਐਸ.ਆਈ. (98723-49247)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਪਠਾਨਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਯੂ.ਆਈ.ਡੀ ਨੰ:1366939, 1394856 ਅਤੇ 1370826 ਰਾਹੀਂ ਪੇਸ਼ ਕੀਤੀ ਗਈ ਸ਼ਿਕਾਇਤ ਜਿਸ ਦੀ ਪੜਤਾਲ ਪਠਾਨਕੋਟ ਪੁਲਿਸ ਵੱਲੋਂ ਕੀਤੀ ਗਈ, ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲ ਸਿੰਘ, ਏ.ਐਸ.ਆਈ. ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਇਹ ਵੀ ਕਿਹਾ ਹੈ ਕਿ ਇਹ ਸੂਚਨਾ ਉਸ ਦੀ ਮੰਗ ਅਨੁਸਾਰ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 08 ਮਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਮਾਕਾਂਤ ਤ੍ਰਿਪਾਠੀ, (ਮੋਬ:9988295255)
ਮਕਾਨ ਨੰ:ਸੀ-323, ਕਿਲਾ ਰੋਡ,
ਪਿੰਡ ਤੇ ਡਾਕਖਾਨਾ ਨੰਗਲਭੂਰ,
ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਠਾਨਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:954/2019**

**ਹਾਜ਼ਰ:-**

1) ਸ਼੍ਰੀ ਉਮਾਕਾਂਤ ਤ੍ਰਿਪਾਠੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲ ਸਿੰਘ, ਏ.ਐਸ.ਆਈ. (98723-49247)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਪਠਾਨਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਮੋਨਿਕਾ ਧਿਮਾਨ, ਟੀ.ਜੀ.ਟੀ. ਇੰਗਲਿਸ਼ ਵੱਲੋਂ ਅਪੀਲਕਰਤਾ ਵਿਰੁੱਧ ਪੁਲਿਸ ਚੌਕੀ ਹੁਣ ਪੁਲਿਸ ਸਟੇਸ਼ਨ ਨੰਗਲਭੂਰ ਵਿੱਚ ਕੀਤੀਆਂ ਗਈਆਂ ਸਾਰੀਆਂ ਸ਼ਿਕਾਇਤਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲ ਸਿੰਘ, ਏ.ਐਸ.ਆਈ. ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਦਿੱਤੀ ਗਈ ਸੂਚਨਾ ਝੂਠੀ ਹੈ। ਇਸ ਲਈ ਉਸ ਨੇ ਸਹੀ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਦੇ 04 ਨੁਕਤਿਆਂ ਬਾਰੇ ਨੁਕਤਾ-ਵਾਰ ਸੂਚਨਾ ਅਤੇ ਮਿਤੀ-ਵਾਰ, ਵਿਸਥਾਰ-ਪੂਰਵਕ ਜਵਾਬ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ।ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਜ਼ੁਬਾਨੀ ਵੀ ਸਮਝਾ ਦਿੱਤਾ ਗਿਆ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 08 ਮਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ।

ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ, ਫੇਸ-6,
ਐਸ.ਏ.ਐਸ. ਨਗਰ। ........ਉੱਤਰਦਾਤਾ

**ਅਪੀਲ ਕੇਸ ਨੰ:2420 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ(98159-93894),ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ।

**ਹਕਮ:**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ- ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ ਨੇ ਆਪਣਾ ਲਿਖਤੀ ਬਿਆਨ, ਮਿਤੀ 08-05-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋ ਆਪਣੇ ਬਿਆਨ ਰਾਹੀਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 13-02-2018 ਨੂੰ ਡਾਇਰੈਕਟਰ, ਮਾਈਨਜ਼ ਅਤੇ ਮਿਨਰਲ, ਸੈਕਟਰ-17, ਚੰਡੀਗੜ੍ਹ ਤੋਂ ਸੂਚਨਾ ਮੰਗੀ ਹੋਈ ਹੈ ਅਤੇ ਉਹ ਇਸ ਸਬੰਧ ਵਿੱਚ ਅਪੀਲੀ ਅਥਾਰਟੀ ਵੀ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੇ ਆਪਣਾ ਵਿਸਥਾਰ-ਪੂਰਵਕ ਜਵਾਬ ਪੇਸ਼ ਕਰਨ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 14-05-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 08 ਮਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੋਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ।

ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ, ਫੇਸ-6,
ਐਸ.ਏ.ਐਸ. ਨਗਰ। ........ਉੱਤਰਦਾਤਾ

**ਅਪੀਲ ਕੇਸ ਨੰ:2421 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ(98159-93894),ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ।

**ਹਕਮ:**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ- ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ ਨੇ ਆਪਣਾ ਲਿਖਤੀ ਬਿਆਨ, ਮਿਤੀ 08-05-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋ ਆਪਣੇ ਬਿਆਨ ਰਾਹੀਂ ਕਿਹਾ ਗਿਆ ਹੈ ਕਿ ਇਸ ਸਬੰਧੀ ਉਨ੍ਹਾਂ ਦੇ ਦਫ਼ਤਰ ਵਿੱਚ ਕੋਈ ਪੱਤਰ ਪ੍ਰਾਪਤ ਨਹੀਂ ਹੋਇਆ ਅਤੇ ਅਪੀਲਕਰਤਾ ਵੱਲੋਂ ਮਿਤੀ 13-02-2018 ਨੂੰ ਡਾਇਰੈਕਟਰ, ਮਾਈਨਜ਼ ਅਤੇ ਮਿਨਰਲ, ਸੈਕਟਰ-17, ਚੰਡੀਗੜ੍ਹ ਤੋਂ ਸੂਚਨਾ ਮੰਗੀ ਗਈ ਹੈ ਅਤੇ ਉਹ ਇਸ ਸਬੰਧ ਵਿੱਚ ਅਪੀਲੀ ਅਥਾਰਟੀ ਵੀ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੇ ਪੜਚੋਲ ਉਪਰੰਤ ਆਪਣਾ ਵਿਸਥਾਰ-ਪੂਰਵਕ ਜਵਾਬ ਪੇਸ਼ ਕਰਨ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 14-05-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੋਲੀ,
ਜ਼ਿਲ੍ਹਾ ਮੁਹਾਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ।

ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ, ਫੇਸ-6,
ਐਸ.ਏ.ਐਸ. ਨਗਰ। ........ਉੱਤਰਦਾਤਾ

**ਅਪੀਲ ਕੇਸ ਨੰ:2423 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ 98159-93894),ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ।

**ਹੁਕਮ:**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ- ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ ਨੇ ਆਪਣਾ ਲਿਖਤੀ ਬਿਆਨ, ਮਿਤੀ 08-05-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋ ਆਪਣੇ ਬਿਆਨ ਰਾਹੀਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 13-02-2018 ਨੂੰ ਡਾਇਰੈਕਟਰ, ਮਾਈਨਜ਼ ਅਤੇ ਮਿਨਰਲ, ਸੈਕਟਰ-17, ਚੰਡੀਗੜ੍ਹ ਤੋਂ ਸੂਚਨਾ ਮੰਗੀ ਹੋਈ ਹੈ ਅਤੇ ਉਹ ਇਸ ਸਬੰਧ ਵਿੱਚ ਅਪੀਲੀ ਅਥਾਰਟੀ ਵੀ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੇ ਆਪਣਾ ਵਿਸਥਾਰ-ਪੂਰਵਕ ਜਵਾਬ ਪੇਸ਼ ਕਰਨ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 14-05-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 08 ਮਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੁਆਲਾ ਸਿੰਘ,
ਪੁੱਤਰ ਸ਼੍ਰੀ ਸੰਤੋਖ ਸਿੰਘ,
ਪਿੰਡ ਦਿਆਲਪੁਰਾ,
ਤਹਿਸੀਲ ਸਮਰਾਲਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ, ਮਾਲਵਾ ਕਾਲਿਜ, ਬੋਂਦਲੀ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਰ, ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:714 ਆਫ਼ 2019**

**ਹਾਜ਼ਰ:-**

1) ਸ਼੍ਰੀ ਜੁਆਲਾ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਮੋਹਣ ਸਿੰਘ, ਡਾਇਰੈਕਟਰ (94651-93768) ਸਮੇਤ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ (94170-07700) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-8959)।

2)

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਪੱਤਰ, ਮਿਤੀ 08-05-2019 ਪੇਸ਼ ਕੀਤਾ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉਸ ਨੇ ਇਹ ਵੀ ਕਿਹਾ ਹੈ ਕਿ ਉੱਤਰਦਾਤਾ ਵੱਲੋਂ ਉਸ ਨੂੰ ਜਾਣ-ਬੁੱਝ ਕੇ ਸੂਚਨਾ ਨਹੀਂ ਦਿੱਤੀ ਜਾ ਰਹੀ। ਇਸ ਲਈ ਉਸ ਨੇ ਬੇਨਤੀ ਕੀਤੀ ਹੈ ਕਿ ਉਸ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਸੂਚਨਾ ਨਾ ਦੇਣ ਦੀ ਸੂਰਤ ਵਿੱਚ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ. ਐਕਟ ਤਹਿਤ ਬਣਦੀ ਕਾਰਵਾਈ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਨੇ ਇਸ ਕੇਸ ਵਿੱਚ ਵਿਸਥਾਰ-ਪੂਰਵਕ ਜਵਾਬ ਪੇਸ਼ ਕਰਨ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 08 ਮਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲਾ, (80540-20388)
ਵਾਰਡ ਨੰ:16-ਬੀ /190,
ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:727 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 20-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਅਜਿਹੀ ਜਾਇਦਾਦ ਜਿਵੇਂ ਮਕਾਨ, ਪਲਾਟ, ਦੁਕਾਨ, ਆਦਿ-ਆਦਿ ਜੋ ਕਿ ਲਾਲ ਲਕੀਰ ਅੰਦਰ ਆਉਂਦੀ ਹੈ, ਦਾ ਵਸੀਕਾ ਰਜਿਸਟਰਡ ਕਰਾਉਣ ਲਈ ਲੋੜੀਂਦੇ ਦਸਤਾਵੇਜਾਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ- ਤਹਿਸੀਲਦਾਰ, ਮਾਨਸਾ ਵੱਲੋਂ ਆਪਣੇ ਪੱਤਰ ਨੰ:37-38/ਆਰ.ਟੀ.ਆਈ, ਮਿਤੀ 11-04-2019 ਅਤੇ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਸਰਦੂਲਗੜ੍ਹ ਵੱਲੋਂ ਆਪਣੇ ਪੱਤਰ ਨੰ:138-39/ਆਰ.ਟੀ.ਆਈ, ਮਿਤੀ 12-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜ਼ਾ ਚੁੱਕੀ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅਧਿਕਾਰਿਤ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਵੱਲੋਂ ਈ.ਮੇਲ, ਮਿਤੀ 07-05-2019 ਰਾਹੀਂ ਭੇਜੇ ਗਏ ਪੱਤਰ, ਮਿਤੀ 07-05-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਮੰਗੀ ਗਈ ਹੈ। ਉਸ ਵੱਲੋਂ ਇਹ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:727 ਆਫ਼ 2019**

ਵੀ ਕਿਹਾ ਗਿਆ ਹੈ ਕਿ ਉੱਤਰਦਾਤਾ ਵੱਲੋਂ ਉਕਤ ਪੈਰ੍ਹਾ ਨੰ:1 ਵਿੱਚ ਦਰਸਾਏ ਪੱਤਰਾਂ ਰਾਹੀਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਉਸ ਦੀ ਮੰਗ ਅਨੁਸਾਰ ਨਹੀਂ ਹੈ ਅਤੇ ਇਹ ਸੂਚਨਾ ਉੱਤਰਦਾਤਾ ਵੱਲੋਂ ਕਰੀਏਟ ਕਰਕੇ ਭੇਜੀ ਗਈ ਹੈ।ਇਸ ਲਈ ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਉਸ ਦੀ ਮੰਗ ਅਨੁਸਾਰ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 08 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੌਰਵ ਬੰਗੜ, (98724-61254)
ਪੁੱਤਰ ਸ਼੍ਰੀ ਰਾਜਿੰਦਰ ਪਾਲ (ਐਡਵੋਕੇਟ),
ਚੈਂਬਰ ਨੰ: 60-ਏ,
230, ਨਿਊ ਕੋਰਟਸ,
ਜੰਲਧਰ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਕਾਸ਼ੀ ਯੂਨੀਵਰਸਿਟੀ,
ਤਲਵੰਡੀ ਸਾਬੋ,
ਜ਼ਿਲ੍ਹਾ ਬਠਿੰਡਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 161 ਆਫ਼ 2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਲੈਕਚਰਾਰ (99154-25001)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 16-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਵਿਦਿਆਰਥਣ ਕਾਨੂੰ ਕੁਮਾਰੀ ਦੀ ਗਰੈਜੂਏਸ਼ਨ ਦੀ ਡਿਗਰੀ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 11-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗਗਨਪ੍ਰੀਤ ਸਿੰਘ, ਲੈਕਚਰਾਰ ਨੇ ਪੱਤਰ ਨੰ:ਪੀ.ਆਈ.ਓ./ਜੀ.ਕੇ.ਯੂ./2019/201 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਉਸ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਰਜਿਸਟਰੇਸ਼ਨ ਨੰ:3025450 ਯੂਨੀਵਰਸਿਟੀ ਰਜਿਸਟਰੇਸ਼ਨ ਸ਼ਾਖਾ ਵਿੱਚ ਮੌਜੂਦ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 08 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਇਕਬਾਲ ਸਿੰਘ,
ਮਕਾਨ ਨੰ:18-ਸੀ,
ਰਣਜੀਤ ਨਗਰ,
ਸਾਹਮਣੇ ਸਰਾਭਾ ਨਗਰ,
ਭਾਦਸੋਂ ਰੋਡ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 643 ਆਫ਼ 2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਧੀਰਜ, ਸੀਨੀਅਰ ਸਹਾਇਕ (98884-80888)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 09-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਰੀ-ਡੈਜਿਗਨੇਸ਼ਨ ਹੁਕਮ ਨੰ:3 ਐਮ.ਈ.1ਪੰਜ:-2015/10181-10195, ਮਿਤੀ 12-06-2015 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 11-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 09-04-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.1-ਪੰ-2019/6395-6496, ਮਿਤੀ 28-03-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਦਫ਼ਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:643 ਆਫ਼ 2019**

ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਧੀਰਜ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.1-ਪੰ-2019/4759, ਮਿਤੀ 08-05-2019 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਅੱਜ ਤੱਕ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਨੋਟ ਨਹੀਂ ਕਰਾਇਆ ਗਿਆ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 08 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**